## Vigilance Bureau Punjab

## VIGILANCE NABS REVENUE PATWARI, PRIVATE PERSON FOR TAKING BRIBE

Chandigarh, March 28 : State Vigilance Bureau nabbed a Revenue Patwari and a private person red handed while accepting bribe of Rs. 3,000.

Disclosing this here an official spokesperson of the Vigilance Bureau said Harpreet Singh, Patwari posted at Shahpur Guraya in Gurdaspur district and a private person Sukhdev Raj were nabbed red handed by Vigilance team for accepting bribe of Rs. 3,000 from complainant Tirlok Singh of village Shahpur Guraya in Gurdaspur district.

The Complainant has approached the VB that the above said Patwari was demanding Rs. 3,000 for the mutation of his land.

After verifying his information, the Vigilance team laid a trap and the accused Patwari and a private person were arrested on the spot while accepting bribe of Rs. 3,000/- from the complainant in the presence of two official witnesses

He informed that a case under Prevention of Corruption Act has been registered against both the accused at VB police station Amritsar and further investigations was under progress.

--------------------------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ 3,000 ਦੀ ਰਿਸ਼ਵਤ ਲੈਂਦਾ ਪਟਵਾਰੀ ਅਤੇ ਵਿਚੋਲਿਆ ਕਾਬੂ

ਚੰਡੀਗੜ੍ਹ, 28 ਮਾਰਚ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਸ਼ਾਹਪੁਰ ਗੁਰਾਇਆ, ਜਿਲਾ ਗੁਰਦਾਸਪੁਰ ਵਿਖੇ ਤਾਇਨਾਤ ਪਟਵਾਰੀ ਹਰਪ੍ਰੀਤ ਸਿੰਘ ਅਤੇ ਇਕ ਪ੍ਰਾਇਵੇਟ ਵਿਅਕਤੀ ਸੁਖਦੇਵ ਰਾਜ ਨੂੰ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਹਰਪ੍ਰੀਤ ਸਿੰਘ ਅਤੇ ਸੁਖਦੇਵ ਰਾਜ ਨੂੰ ਸ਼ਿਕਾਇਤਕਰਤਾ ਤਰਲੋਕ ਸਿੰਘ ਵਾਸੀ ਸ਼ਾਹਪੁਰ ਗੁਰਾਇਆ, ਜਿਲਾ ਗੁਰਦਾਸਪੁਰ ਦੀ ਸ਼ਿਕਾਇਤ ’ਤੇ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਜਮੀਨ ਦਾ ਇੰਤਕਾਲ ਕਰਨ ਬਦਲੇ 3000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਅਤੇ ਉਸ ਦੇ ਵਿਚੋਲਿਏ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------